27 Nov FGS 5,6,7,8.qxd 11/28/2025 12:09 AM Page 4

ਸੀਨੀਅਰ ਕਾਂਗਰਸੀ ਆਗੂ ਕੁਲਵਿੰਦਰ ਸਿੰਘ ਰਹਿਲ ਨੂੰ ਸ਼੍ਰੋਮਣੀ ਅਕਾਲੀ ਦਲ 'ਚ ਸ਼ਮੂਲੀਅਤ ਕਰਵਾਉਣ ਸਮੇਂ ਗੁਰਪ੍ਰੀਤ ਸਿੰਘ ਰਾਜੂ ਖੰਨਾ ਤੇ ਹਲਕੇ ਦੀ ਸੀਨੀਅਰ ਲੀਡਰਸ਼ਿਪ। ਤਸਵੀਰ: ਗਿੱਲ

ਸ਼੍ਰੋਮਣੀ ਅਕਾਲੀ ਦਲ ਦੇ ਕੀਤੇ ਕੰਮਾਂ ਨੂੰ ਦੇਖਦੇ ਹੋਏ ਕਈ ਆਗੂ ਪਾਰਟੀ 'ਚ ਹੋ ਰਹੇ ਹਨ ਸ਼ਾਮਿਲ- ਰਾਜੂ ਖੰਨਾ

ਅਮਲੋਹ, 27 ਨਵੰਬਰ (ਹਰਪ੍ਰੀਤ ਸਿੰਘ ਗਿੱਲ)-ਸ਼੍ਰੋਮਣੀ ਅਕਾਲੀ ਦਲ ਦੇ ਸਥਾਨਕ ਦਫ਼ਤਰ ਵਿਚ ਕੀਤੇ ਇਕ ਸਾਦੇ ਸਮਾਗਮ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਗੁਰਪ੍ਰੀਤ ਸਿੰਘ ਰਾਜੂ ਖੰਨਾ ਨੇ ਕਿਹਾ ਕਿ ਪਿਛਲੀਆਂ ਸ਼੍ਰੋਮਣੀ ਅਕਾਲੀ ਦਲ ਦੀਆਂ ਸਰਕਾਰਾਂ ਸਮੇਂ ਸੂਬੇ ਦੇ ਵਿਕਾਸ ਤੇ ਲੋੜਵੰਦਾਂ ਦੀ ਭਲਾਈ ਲਈ ਲਾਗੂ ਕੀਤੀਆਂ ਸਕੀਮਾਂ ਨੂੰ ਦੇਖਦੇ ਹੋਏ ਵੱਖ-ਵੱਖ ਰਾਜਨੀਤਿਕ ਪਾਰਟੀਆਂ ਨੂੰ ਅਲਵਿਦਾ ਕਹਿ ਕੇ ਰੋਜ਼ਾਨਾ ਹੀ ਵੱਡੀ ਗਿਣਤੀ 'ਚ ਵਰਕਰ ਤੇ ਆਗੂ ਪਾਰਟੀ ਵਿਚ ਸ਼ਾਮਿਲ ਹੋ ਰਹੇ ਹਨ, ਜਿਸ ਤਹਿਤ ਸੀਨੀਅਰ ਕਾਂਗਰਸੀ ਆਗੂ ਕੁਲਵਿੰਦਰ ਸਿੰਘ ਰਹਿਲ ਵਲੋਂ ਵੀ ਅੱਜ ਅਕਾਲੀ ਦਲ ਵਿਚ ਸ਼ਮੂਲੀਅਤ ਕੀਤੀ ਗਈ ਹੈ, ਜੋ ਪਾਰਟੀ ਲਈ ਵੱਡੇ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਝੂਠ ਦੇ ਸਹਾਰੇ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਗੱਲਾਂ ਬਾਤਾਂ ਤੇ ਚੁਟਕਲਿਆਂ ਵਿਚ ਹੀ ਟਾਈਮ ਪਾਸ ਕਰ ਰਹੀ ਹੈ, ਜਿਸ ਵਲੋਂ ਸੂਬੇ ਨੂੰ ਵਿਕਾਸ ਦੀ ਥਾਂ ਵਿਨਾਸ਼ ਵੱਲ ਧੱਕਿਆ ਜਾ ਰਿਹਾ ਹੈ। ਇਸ ਲਈ ਪੰਜਾਬ ਦੇ ਲੋਕ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਨਾਲ ਜੁੜ ਕੇ ਮੁੜ ਪੰਜਾਬ ਅੰਦਰ ਲੋਕ ਹਿਤੈਸ਼ੀ ਸਰਕਾਰ ਬਣਾਉਣ ਲਈ ਲਾਮਬੰਦ ਹੋ ਰਹੇ ਹਨ।

ਇਸ ਮੌਕੇ ਤੇ ਜਿੱਥੇ ਗੁਰਪ੍ਰੀਤ ਸਿੰਘ ਰਾਜੂ ਖੰਨਾ ਤੇ ਬਹਾਦਰ ਸਿੰਘ ਹੈਬਤਪੁਰ ਵਲੋਂ ਕੁਲਵਿੰਦਰ ਸਿੰਘ ਰਹਿਲ ਨੂੰ ਸਿਰੋਪਾਓ ਪਾ ਕੇ ਪਾਰਟੀ ਵਿਚ ਸ਼ਾਮਿਲ ਕੀਤਾ ਗਿਆ, ਉੱਥੇ ਹੀ ਰਹਿਲ ਨੂੰ ਪਾਰਟੀ ਅੰਦਰ ਬਣਦਾ ਮਾਣ ਸਤਿਕਾਰ ਦੇਣ ਦਾ ਭਰੋਸਾ ਵੀ ਦਿੱਤਾ ਗਿਆ। ਇਸ ਮੌਕੇ ਜਥੇਦਾਰ ਕੁਲਦੀਪ ਸਿੰਘ ਮੁੱਢੜੀਆ, ਹਲਕਾ ਆਬਜ਼ਰਵਰ ਹਰਬੰਸ ਸਿੰਘ ਬਡਾਲੀ, ਕੁਲਦੀਪ ਸਿੰਘ ਮਛਰਾਈ, ਹਰਿੰਦਰ ਸਿੰਘ ਦੀਵਾ, ਡਾ. ਅਰੁਜਨ ਸਿੰਘ ਪ੍ਰਧਾਨ ਵੀ ਮੌਜੂਦ ਸਨ।

ਪੀ. ਐੱਮ. ਸ੍ਰੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਅਮਲੋਹ ਵਿਖੇ ਨਵਾਂ ਸਕੂਲ ਲੋਗੋ ਜਾਰੀ ਕਰਦੇ ਹੋਏ ਪ੍ਰਿੰਸੀਪਲ ਡਾ. ਰਾਜੇਸ਼ ਕੁਮਾਰ ਸ਼ਰਮਾ ਤੇ ਸਕੂਲ ਇੰਚਾਰਜ ਪ੍ਰੇਮ ਲਤਾ ਨਾਲ ਸਟਾਫ਼। ਅਜੀਤ ਤਸਵੀਰ

ਪੀ. ਐੱਮ. ਸ੍ਰੀ ਸਰਕਾਰੀ ਕੰਨਿਆ ਸਕੂਲ ਅਮਲੋਹ ਵਿਖੇ ਨਵਾਂ ਸਕੂਲ ਲੋਗੋ ਜਾਰੀ

ਅਮਲੋਹ, 27 ਨਵੰਬਰ (ਕੇਵਲ ਸਿੰਘ)-ਪੀ. ਐੱਮ. ਸ੍ਰੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਅਮਲੋਹ ਵਿਖੇ ਪ੍ਰਿੰਸੀਪਲ ਡਾ. ਰਾਜੇਸ਼ ਕੁਮਾਰ ਸ਼ਰਮਾ ਅਤੇ ਸਕੂਲ ਇੰਚਾਰਜ ਪ੍ਰੇਮ ਲਤਾ ਦੀ ਅਗਵਾਈ ਵਿਚ ਸਕੂਲ ਲੋਗੋ ਜਾਰੀ ਕੀਤਾ ਗਿਆ।

ਜਾਣਕਾਰੀ ਦਿੰਦਿਆਂ ਲੈਕਚਰਾਰ ਕੁਲਦੀਪ ਸਿੰਘ ਫ਼ਤਹਿਪੁਰ ਨੇ ਦੱਸਿਆ ਕਿ ਡਾ. ਆਰ. ਕੇ. ਸ਼ਰਮਾ ਨੇ ਸਕੂਲ ਲੋਗੋ ਦੀ ਮਹੱਤਤਾ ਬਾਰੇ ਚਾਨਣਾ ਪਾਇਆ ਅਤੇ ਸਕੂਲ ਦੇ ਵਿਕਾਸ ਕਾਰਜਾਂ ਸੰਬੰਧੀ ਜਾਣਕਾਰੀ ਦਿੱਤੀ। ਡਾ. ਸ਼ਰਮਾ ਨੇ ਸੰਵਿਧਾਨ ਦਿਵਸ 'ਤੇ ਬੋਲਦਿਆਂ ਭਾਰਤੀ ਸੰਵਿਧਾਨ ਦੀ ਮੂਲ ਭਾਵਨਾ ਅਤੇ ਰਚਨਾ ਬਾਰੇ ਵਿਸਥਾਰ ਵਿਚ ਜਾਣਕਾਰੀ ਦਿੱਤੀ। ਫ਼ਤਹਿਪੁਰ ਤੇ ਸੁਖਚੈਨ ਸਿੰਘ ਨੇ ਸੰਵਿਧਾਨ ਦੀ ਪ੍ਰਸਤਾਵਨਾ ਸਬੰਧੀ ਜਾਣਕਾਰੀ ਦਿੰਦਿਆਂ ਅਧਿਕਾਰਾਂ ਅਤੇ ਫ਼ਰਜ਼ਾਂ ਸਬੰਧੀ ਜਾਣਕਾਰੀ ਦਿੱਤੀ। ਵੱਖ-ਵੱਖ ਮੁਕਾਬਲਿਆਂ 'ਚ ਬਲਾਕ ਤੇ ਜ਼ਿਲ੍ਹਾ ਪੱਧਰ 'ਤੇ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।

ਵੱਖ-ਵੱਖ ਬੁਲਾਰਿਆਂ ਨੇ ਇਸ ਸਮੇਂ ਸਕੂਲ ਲੋਗੋ ਅਤੇ ਸੰਵਿਧਾਨ ਸਬੰਧੀ ਆਪਣੇ ਵਿਚਾਰ ਰੱਖੇ। ਇਸ ਸਮੇਂ ਪ੍ਰੇਮ ਲਤਾ, ਕੁਲਦੀਪ ਸਿੰਘ ਫ਼ਤਹਿਪੁਰ, ਸੁਪਿੰਦਰ ਸਿੰਘ, ਬਲਵਿੰਦਰ ਸਿੰਘ, ਸੁਖਚੈਨ ਸਿੰਘ, ਪ੍ਰਦੀਪ ਕੁਮਾਰ, ਗੌਰਵ ਸ਼ਰਮਾ, ਸਤਵਿੰਦਰ ਕੌਰ, ਮੀਨੂੰ ਬਾਲਾ, ਕਿਰਨਜੀਤ ਕੌਰ, ਤ੍ਰਿਪਤਾ ਰਾਣੀ, ਪਵਿਤਬੀਰ ਬਰਾੜ, ਮੋਨਿਕਾ ਰਾਣੀ, ਅਮਨਦੀਪ ਕੌਰ, ਰਾਜਵਿੰਦਰ ਕੌਰ, ਮਨਦੀਪ ਕੌਰ, ਕੁਲਬੀਰ ਕੌਰ, ਸੁਖਵਿੰਦਰ ਕੌਰ ਘੁਟੀਡ, ਮਨਪ੍ਰੀਤ ਕੌਰ, ਗੁਰਦੇਵ ਕੌਰ, ਨੀਰੂ, ਅਵਤਾਰ ਸਿੰਘ, ਨੀਤੂ ਅਰੋੜਾ, ਕਵਿਤਾ, ਦੀਪਕ ਰਾਣੀ, ਨੀਤਿਕਾ, ਰਣਜੀਤ ਕੌਰ, ਸੁਖਜਿੰਦਰ ਕੌਰ, ਕੁਲਦੀਪ ਕੌਰ, ਮਨਦੀਪ ਕੌਰ ਰਾਓ, ਰਾਜਵੰਤ ਕੌਰ, ਹਰਜਿੰਦਰ ਕੌਰ, ਹਰਪ੍ਰੀਤ ਕੌਰ ਤੇ ਅਨੂੰ ਆਦਿ ਮੌਜੂਦ ਸਨ।

ਭਾਈ ਅੰਮ੍ਰਿਤਪਾਲ ਸਿੰਘ ਦੀ ਪੈਰੋਲ ਰੱਦ ਕਰਨਾ ਮਨੁੱਖੀ ਅਧਿਕਾਰਾਂ ਦਾ ਘਾਣ- ਜਥੇਦਾਰ ਪੰਜੋਲੀ

ਫ਼ਤਹਿਗੜ੍ਹ ਸਾਹਿਬ, 27 ਨਵੰਬਰ (ਬਲਜਿੰਦਰ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਦੀ ਪੈਰੋਲ ਰੱਦ ਕੀਤੇ ਜਾਣ ਦੀ ਕਰੜੇ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਨੂੰ ਪੈਰੋਲ ਨਾ ਦੇ ਕੇ ਦੇਸ਼ ਦੀ ਪਾਰਲੀਮੈਂਟ ਵਿਚ ਜਾਣ ਤੋਂ ਰੋਕਣਾ ਮਨੁੱਖੀ ਅਧਿਕਾਰਾਂ ਤੇ ਲੋਕਤੰਤਰ ਦਾ ਘਾਣ ਹੈ। ਉਨ੍ਹਾਂ ਕਿਹਾ ਕਿ ਖਡੂਰ ਸਾਹਿਬ ਹਲਕੇ ਦੇ ਵੋਟਰਾਂ ਨੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਆਪਣੀ ਨੁਮਾਇੰਦਗੀ ਲਈ ਚੁਣਿਆ ਸੀ ਪਰ ਅੱਜ ਜਿੱਥੇ ਸਰਕਾਰ ਭਾਈ ਅੰਮ੍ਰਿਤਪਾਲ ਸਿੰਘ ਨੂੰ ਪੈਰੋਲ ਨਾ ਦੇ ਕੇ ਖਡੂਰ ਸਾਹਿਬ ਹਲਕੇ ਦੇ ਵੋਟਰਾਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਕਰ ਰਹੀ ਹੈ, ਉੱਥੇ ਹੀ ਹਲਕੇ ਨੂੰ ਵਿਕਾਸ ਤੇ ਨੁਮਾਇੰਦਗੀ ਪੱਖ ਤੋਂ ਵੀ ਸੱਖਣਾ ਰੱਖਿਆ ਜਾ ਰਿਹਾ ਹੈ, ਅਜਿਹਾ ਕਰਨਾ ਬੇਹੱਦ ਮੰਦਭਾਗਾ ਹੈ। ਜਥੇਦਾਰ ਪੰਜੋਲੀ ਨੇ ਕਿਹਾ ਕਿ ਸੰਗੀਨ ਅਪਰਾਧ ਦੇ ਦੋਸ਼ਾਂ ਤਹਿਤ ਜੇਲ੍ਹ 'ਚ ਬੰਦ ਡੇਰਾ ਮੁਖੀ ਨੂੰ ਵਾਰ-ਵਾਰ ਰਾਜ ਸਰਕਾਰਾਂ ਪੈਰੋਲ ਦੇ ਕੇ ਸਿੱਖਾਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਕਰ ਰਹੀਆਂ ਹਨ ਅਤੇ ਦੂਜੇ ਪਾਸੇ ਪੰਜਾਬ ਦੀ ਸਰਕਾਰ ਭਾਈ ਅੰਮ੍ਰਿਤਪਾਲ ਸਿੰਘ ਦੇ ਮਨੁੱਖੀ ਅਧਿਕਾਰਾਂ ਦਾ ਘਾਣ ਕਰ ਰਹੀ ਹੈ ਅਤੇ ਨੈਤਿਕ ਜ਼ਿੰਮੇਵਾਰੀ ਤੋਂ ਭੱਜਦੀ ਵੀ ਨਜ਼ਰ ਆ ਰਹੀ ਹੈ।

ਮੀਟਿੰਗ ਦੌਰਾਨ ਨਿਰਦੇਸ਼ ਜਾਰੀ ਕਰਦੇ ਮੇਅਰ ਕੁੰਦਨ ਗੋਗੀਆ। ਅਜੀਤ ਤਸਵੀਰ

ਮੇਅਰ ਗੋਗੀਆ ਵਲੋਂ ਸਫ਼ਾਈ ਵਿਭਾਗ ਤੇ ਸੰਬੰਧਿਤ ਮੁੱਖ ਅਧਿਕਾਰੀਆਂ ਨਾਲ ਮੀਟਿੰਗ

ਪਟਿਆਲਾ, 27 ਨਵੰਬਰ (ਅ. ਸ. ਆਹਲੂਵਾਲੀਆ)-ਪਟਿਆਲਾ ਸ਼ਹਿਰ ਨੂੰ ਹੋਰ ਸਾਫ਼-ਸੁਥਰਾ ਤੇ ਸੁਚੱਜਾ ਬਣਾਉਣ ਦੀ ਮੁਹਿੰਮ ਨੂੰ ਅਮਲੀ ਜਾਮਾ ਪਵਾਉਣ ਲਈ ਮੇਅਰ ਕੁੰਦਨ ਗੋਗੀਆ ਨੇ ਸਫ਼ਾਈ ਵਿਭਾਗ ਤੇ ਸੰਬੰਧਿਤ ਮੁੱਖ ਅਧਿਕਾਰੀਆਂ ਨਾਲ ਇਕ ਮੀਟਿੰਗ ਕੀਤੀ। ਮੀਟਿੰਗ 'ਚ ਹੈਲਥ ਅਫ਼ਸਰ, ਸੈਨੇਟਰੀ ਇੰਸਪੈਕਟਰਾਂ ਤੇ ਸਫ਼ਾਈ ਸੰਬੰਧੀ ਜ਼ਿੰਮੇਵਾਰ ਮੁਲਾਜ਼ਮ ਹਾਜ਼ਰ ਸਨ। ਮੇਅਰ ਨੇ ਸ਼ਹਿਰ 'ਚ ਮੌਜੂਦਾ ਸਫ਼ਾਈ ਪ੍ਰਬੰਧਾਂ ਦੀ ਸਮੀਖਿਆ ਕੀਤੀ ਤੇ ਉਨ੍ਹਾਂ ਖੇਤਰਾਂ ਦੀ ਪਛਾਣ ਕੀਤੀ, ਜਿੱਥੇ ਸਫ਼ਾਈ ਨੂੰ ਹੋਰ ਬਿਹਤਰ ਬਣਾਉਣ ਦੀ ਲੋੜ ਹੈ। ਸ਼ਹਿਰ ਦੇ ਹਰ ਵਾਰਡ 'ਚ ਸਫ਼ਾਈ ਲਈ ਜ਼ਿੰਮੇਵਾਰ ਕਰਮਚਾਰੀਆਂ ਦਾ ਰੋਜਾਨਾ ਮੋਨੀਟਰਿੰਗ ਰਿਕਾਰਡ ਤਿਆਰ ਹੋਵੇਗਾ ਅਤੇ ਲਾਪਰਵਾਹੀ ਪਾਈ ਜਾਣ 'ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਸਾਫ਼-ਸੁਥਰਾ ਪਟਿਆਲਾ ਬਣਾਉਣ ਲਈ ਸੈਨੇਟਰੀ ਇੰਸਪੈਕਟਰਾਂ ਨੂੰ ਸਪਸ਼ਟ ਨਿਰਦੇਸ਼ ਦਿੱਤੇ ਕਿ ਉਹ ਆਪਣੀ-ਆਪਣੀ ਜ਼ਿੰਮੇਵਾਰੀ ਵਾਲੀਆਂ ਥਾਵਾਂ 'ਤੇ ਨਿਯਮਿਤ ਤੌਰ 'ਤੇ ਦੌਰਾ ਕਰਨ। ਲੋਕਾਂ ਨੂੰ ਵੀ ਸਫ਼ਾਈ ਮੁਹਿੰਮ ਨਾਲ ਜੁੜਨ ਦੀ ਅਪੀਲ ਕਰਦੇ ਕਿਹਾ ਕਿ ਸ਼ਹਿਰ ਨੂੰ ਸਾਫ਼ ਰੱਖਣਾ ਸਿਰਫ ਨਗਰ ਨਿਗਮ ਦਾ ਕੰਮ ਨਹੀਂ, ਸਗੋਂ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ। ਮੀਟਿੰਗ 'ਚ ਇਹ ਵੀ ਫ਼ੈਸਲਾ ਲਿਆ ਗਿਆ ਕਿ ਨਗਰ ਨਿਗਮ ਵਲੋਂ ਸੜਕਾਂ 'ਤੇ ਪਏ ਮਲਬੇ ਅਤੇ ਗੰਦਗੀ ਵਾਲੇ ਖੇਤਰਾਂ ਖ਼ਿਲਾਫ਼ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ। ਹੈਲਥ ਅਫ਼ਸਰ ਡਾ. ਨਵਿੰਦਰ ਸਿੰਘ ਨੇ ਭਰੋਸਾ ਦਿਵਾਇਆ ਕਿ ਸਫ਼ਾਈ ਪ੍ਰਣਾਲੀ ਨੂੰ ਪੂਰੀ ਤਰ੍ਹਾਂ ਮਜ਼ਬੂਤ ਕਰਨ ਲਈ ਸਾਰੀ ਟੀਮ ਤਤਪਰ ਰਹੇਗੀ। ਇਸ ਮੌਕੇ ਸੈਨੇਟਰੀ ਇੰਸਪੈਕਟਰ ਸੈਨੇਟਰੀ ਇੰਸ. ਮੋਹਿਤ ਜਿੰਦਲ, ਸੈਨੇਟਰੀ ਇੰਸ. ਇੰਦਰਜੀਤ ਸਿੰਘ, ਸੈਨੇਟਰੀ ਇੰਸ. ਰਾਜੇਸ਼ ਕੁਮਾਰ, ਸੈਨੇਟਰੀ ਇੰਸ. ਰਿਸ਼ਵ ਗੁਪਤਾ, ਸੈਨੇਟਰੀ ਇੰਸ. ਹਰਵਿੰਦਰ ਸਿੰਘ, ਸੈਨੇਟਰੀ ਇੰਸ. ਜਗਤਾਰ ਸਿੰਘ, ਸੈਨੇਟਰੀ ਇੰਸ. ਗੋਗਾ ਰਾਣੀ, ਸੈਨੇਟਰੀ ਸੁਪਰਵਾਈਜ਼ਰ ਨਰਿੰਦਰ ਕੁਮਾਰ ਤੇ ਹੋਰ ਸੰਬੰਧਿਤ ਅਧਿਕਾਰੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

ਭਾਈ ਮਰਦਾਨਾ ਜੀ ਦੇ ਅਕਾਲ ਚਲਾਣਾ ਦਿਵਸ ਮੌਕੇ ਸੰਗਤਾਂ ਨੂੰ ਰਵਾਨਾ ਕਰਦੇ ਹੋਏ ਸੂਬਾ ਪ੍ਰਧਾਨ ਤੇ ਕੌਂਸਲਰ ਰਜਿੰਦਰ ਸਿੰਘ ਬਿੱਟੂ ਨਾਲ ਤਰਸੇਮ ਸਿੰਘ ਤੇ ਅਨਵਰ ਲਾਂਬਾ ਆਦਿ। ਅਜੀਤ ਤਸਵੀਰ

ਭਾਈ ਮਰਦਾਨਾ ਜੀ ਦਾ ਅਕਾਲ ਚਲਾਣਾ ਦਿਵਸ ਮਨਾਉਣ ਲਈ ਸੰਗਤਾਂ ਅੰਮ੍ਰਿਤਸਰ ਲਈ ਹੋਈਆਂ ਰਵਾਨਾ

ਮੰਡੀ ਗੋਬਿੰਦਗੜ੍ਹ, 27 ਨਵੰਬਰ (ਰਾਜੇਸ਼ ਸ਼ਰਮਾ)-ਵਿਸ਼ਵ ਰਵਾਵੀ ਭਾਈ ਮਰਦਾਨਾ ਜੀ ਵੈੱਲਫੇਅਰ ਸੁਸਾਇਟੀ ਪੰਜਾਬ ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਡਮੁੱਲੇ ਸਹਿਯੋਗ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਵਿਖੇ 28 ਨਵੰਬਰ ਨੂੰ ਭਾਈ ਮਰਦਾਨਾ ਜੀ ਦਾ ਅਕਾਲ ਚਲਾਣਾ ਦਿਵਸ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ, ਜਿਸ ਵਿਚ ਸ਼ਾਮਿਲ ਹੋਣ ਲਈ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਵੱਡੀ ਗਿਣਤੀ ਵਿਚ ਸੰਗਤਾਂ ਰਵਾਨਾ ਹੋਈਆਂ। ਇਸੇ ਲੜੀ ਤਹਿਤ ਮੰਡੀ ਗੋਬਿੰਦਗੜ੍ਹ ਤੋਂ ਵੀ ਸੁਸਾਇਟੀ ਦੇ ਸੂਬਾ ਪ੍ਰਧਾਨ ਤੇ ਕੌਂਸਲਰ ਰਜਿੰਦਰ ਸਿੰਘ ਬਿੱਟੂ ਵਲੋਂ ਅੰਮ੍ਰਿਤਸਰ ਲਈ ਸੰਗਤਾਂ ਦੀਆਂ ਬੱਸਾਂ ਨੂੰ ਰਵਾਨਾ ਕੀਤਾ ਗਿਆ। ਇਸ ਮੌਕੇ ਸੁਸਾਇਟੀ ਦੇ ਸੂਬਾ ਪ੍ਰਧਾਨ ਰਜਿੰਦਰ ਸਿੰਘ ਬਿੱਟੂ ਨੇ ਦੱਸਿਆ ਕਿ 28 ਨਵੰਬਰ ਨੂੰ ਅੰਮ੍ਰਿਤਸਰ ਵਿਖੇ ਭਾਈ ਮਰਦਾਨਾ ਜੀ ਦਾ ਅਕਾਲ ਚਲਾਣਾ ਦਿਵਸ ਬੜੀ ਹੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ, ਜਿਸ ਵਿਚ ਹਿੱਸਾ ਲੈਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਸੰਗਤਾਂ ਬੱਸਾਂ ਤੇ ਆਪਣੇ ਸਾਧਨਾਂ ਰਾਹੀਂ ਅੰਮ੍ਰਿਤਸਰ ਪਹੁੰਚਣਗੀਆਂ। ਇਸ ਮੌਕੇ ਗੋਬਿੰਦਗੜ੍ਹ ਜਥੇ ਨਾਲ ਵਰਕਿੰਗ ਪ੍ਰਧਾਨ ਜੀਤ ਸਿੰਘ ਗੋਰੀਆ, ਉਪ ਪ੍ਰਧਾਨ ਕਮਲਜੀਤ ਡਾਂਗੀ, ਜਨਰਲ ਸਕੱਤਰ ਸਰਦਾਰਾ ਸਿੰਘ, ਖ਼ਜ਼ਾਨਚੀ ਤਰਸੇਮ ਸਿੰਘ, ਜ਼ਿਲ੍ਹਾ ਪ੍ਰਧਾਨ ਲੁਧਿਆਣਾ ਬੰਟੀ ਝਸ, ਪਟਿਆਲਾ ਪ੍ਰਧਾਨ ਅਮਰੀਕ ਸਿੰਘ, ਬਲਾਕ ਮੰਡੀ ਗੋਬਿੰਦਗੜ੍ਹ ਦੇ ਪ੍ਰਧਾਨ ਅਨਵਰ ਲਾਂਬਾ ਤੋਂ ਇਲਾਵਾ ਵਿਕਰਮ ਵਿਕੀ, ਰਮਨਦੀਪ ਕੌਰ, ਇੰਦਰਜੀਤ ਕੌਰ, ਸਮਤਾ ਭਾਂਬਰੀ, ਕਮਲਾ ਦੇਵੀ, ਕਮਲਜੀਤ ਕੌਰ, ਮਨਜੀਤ ਕੌਰ, ਰੇਸ਼ਮਾ, ਗੁਰਪ੍ਰੀਤ ਕੌਰ ਤੇ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

ਸ੍ਰੀ ਦਸਮੇਸ਼ ਪਬਲਿਕ ਸਕੂਲ ਵਿਖੇ ਅੰਤਰ ਸਕੂਲ ਮੁਕਾਬਲੇ ਕਰਵਾਏ

ਪਟਿਆਲਾ, 27 ਨਵੰਬਰ (ਧਰਮਿੰਦਰ ਸਿੰਘ ਸਿੱਧੂ)-ਸ੍ਰੀ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ 'ਚ ਅੰਤਰ ਸਕੂਲ ਮੁਕਾਬਲੇ ਪ੍ਰਧਾਨ ਕੁਲਬੀਰ ਸਿੰਘ ਸ਼ੇਰਗਿੱਲ, ਸਕੱਤਰ ਜਸਵਿੰਦਰ ਕੌਰ ਤੇ ਪ੍ਰਿੰਸੀਪਲ ਪ੍ਰੀਤ ਮਹਿੰਦਰ ਕੌਰ ਸਿਆਲ ਦੀ ਰਹਿਨੁਮਾਈ ਹੇਠ ਕਰਵਾਏ ਗਏ। ਜਿਸ 'ਚ ਪਟਿਆਲਾ ਸ਼ਹਿਰ ਦੇ ਵੱਖ-ਵੱਖ ਸਕੂਲਾਂ ਨੇ ਭਾਗ ਲਿਆ। ਅੰਤਰ ਸਕੂਲ ਮੁਕਾਬਲੇ 'ਚ ਸ਼ਬਦ ਗਾਇਨ, ਸੋਲੋ ਡਾਂਸ ਅਤੇ ਗਰੁੱਪ ਡਾਂਸ ਪ੍ਰੋਗਰਾਮ ਕਰਵਾਏ ਗਏ। ਸ਼ਬਦ ਗਾਇਨ 'ਚ ਜੱਜ ਲਖਵੀਰ ਸਿੰਘ ਅਤੇ ਸਰਬਜੋਤ ਸਿੰਘ ਸਨ। ਡਾਂਸ ਆਈਟਮਾਂ ਲਈ ਜੱਜ ਅਸ਼ੋਕ ਅਤੇ ਸ਼ੁਭਮ ਸਨ। ਸ਼ਬਦ ਗਾਇਨ 'ਚ ਪਹਿਲਾ ਸਥਾਨ ਸ਼ਿਵਾਲਿਕ ਪਬਲਿਕ ਸਕੂਲ, ਪਟਿਆਲਾ ਨੇ ਹਾਸਲ ਕੀਤਾ। ਦੂਜਾ ਸਥਾਨ ਢੁਡਿਆਲ ਖ਼ਾਲਸਾ ਅਤੇ ਬੀ.ਐਨ. ਖ਼ਾਲਸਾ ਸਰਹਿੰਦ ਰੋਡ, ਤੀਜਾ ਕੈਰੀਅਰ ਅਕੈਡਮੀ ਅਤੇ ਚੌਥਾ ਕੋਨਸੋਲੇਸ਼ਨ ਪਰਾਇਜ਼ ਬੀ. ਐੱਨ. ਖ਼ਾਲਸਾ ਬੱਸ ਸਟੈਂਡ ਨੇ ਹਾਸਲ ਕੀਤਾ। ਸੋਲੋ ਡਾਂਸ 'ਚ ਪਹਿਲਾ ਸਥਾਨ ਸ਼ਿਵਾਲਿਕ ਪਬਲਿਕ ਸਕੂਲ ਪਟਿਆਲਾ ਨੇ ਹਾਸਲ ਕੀਤਾ। ਦੂਜਾ ਸਥਾਨ ਚਿਲਡਰਨ ਮੈਮੋਰੀਅਲ ਪਬਲਿਕ ਸਕੂਲ, ਤੀਜਾ ਸਥਾਨ ਜੀਵਨ ਜੋਤੀ ਪਬਲਿਕ ਸਕੂਲ ਅਤੇ ਚੌਥਾ ਕੋਨਸੋਲੇਸ਼ਨ ਪਰਾਇਜ਼ ਬੀ. ਐੱਨ. ਖ਼ਾਲਸਾ ਸਰਹਿੰਦ ਰੋਡ ਨੇ ਹਾਸਲ ਕੀਤਾ। ਗਰੁੱਪ ਡਾਂਸ 'ਚ ਪਹਿਲਾ ਸਥਾਨ ਚਿਲਡਰਨ ਮੈਮੋਰੀਅਲ ਪਬਲਿਕ ਸਕੂਲ, ਪਟਿਆਲਾ ਨੇ ਹਾਸਲ ਕੀਤਾ। ਦੂਜਾ ਸਥਾਨ ਸ਼ਿਵਾਲਿਕ ਪਬਲਿਕ ਸਕੂਲ, ਤੀਜਾ ਸਥਾਨ ਢੁਡਿਆਲ ਖ